# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :29-12-2025**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਵਿਕਸਿਤ ਭਾਰਤ ਜੀ ਰਾਮ ਜੀ ਯੋਜਨਾ ਰਾਹੀਂ ਜ਼ਿਆਦਾਤਰ ਰਾਜਾਂ ਨੂੰ ਪਿਛਲੇ ਸਾਲਾਂ ਦੇ ਮੁਕਾਬਲੇ 17 ਹਜ਼ਾਰ ਕਰੋੜ ਰੁਪਏ ਵਾਧੂ ਮਿਲਣ ਦੀ ਉਮੀਦ.

- ਪੰਜਾਬ ਮੰਤਰੀ ਮੰਡਲ ਵੱਲੋਂ ਬਨੂੜ ਨੂੰ ਤਹਿਸੀਲ ਅਤੇ ਹੁਸ਼ਿਆਰਪੁਰ ਦੇ ਹਰਿਆਣਾ ਨੂੰ ਨਵੀਂ ਸਬ-ਤਹਿਸੀਲ ਬਣਾਉਣ ਸਮੇਤ ਕਈ ਹੋਰ ਪ੍ਰਸ਼ਾਸਨਿਕ ਸੁਧਾਰਾਂ ਨੂੰ ਪ੍ਰਵਾਨਗੀ.

- ਪੰਜਾਬ ਸਰਕਾਰ ਵੱਲੋਂ ਗਰਭਵਤੀ ਔਰਤਾਂ ਨੂੰ ਮੌਜੂਦਾ ਵਿੱਤੀ ਸਾਲ ਦੌਰਾਨ 26 ਕਰੋੜ ਰੁਪਏ ਤੋਂ ਵੱਧ ਦੀ ਵਿੱਤੀ ਸਹਾਇਤਾ ਪ੍ਰਦਾਨ.

- ਸਾਲ 2025 ਦੌਰਾਨ ਭਾਰਤ ਦੀ ਵਿਕਾਸ ਯਾਤਰਾ ਵਿਚ ਰੱਖਿਆ ਖੇਤਰ ਨੂੰ ਹੋਰ ਮਜ਼ਬੂਤ ਕੀਤਾ ਗਿਆ.

- ਮੌਸਮ ਵਿਭਾਗ ਵੱਲੋਂ ਆਉਂਦੇ ਦੋ ਦਿਨਾਂ ਵਿਚ ਪੰਜਾਬ, ਹਰਿਆਣਾ, ਚੰਡੀਗੜ ਤੇ ਹਿਮਾਚਲ ਪ੍ਰਦੇਸ਼ ਦੇ ਕਈ ਇਲਾਕਿਆਂ ਵਿਚ ਸੰਘਣੀ ਧੁੰਦ ਦੀ ਪੇਸ਼ੀਨਗੋਈ.

## ਹੁਣ ਖਬਰਾਂ ਵਿਸਥਾਰ ਨਾਲ

ਵਿਕਸਿਤ ਭਾਰਤ - ਰੋਜ਼ਗਾਰ ਅਤੇ ਅਜੀਵਿਕਾ ਗਾਰੰਟੀ ਮਿਸ਼ਨ (ਗ੍ਰਾਮੀਣ): ਵਿਕਸਿਤ ਭਾਰਤ - ਜੀ ਰਾਮ ਜੀ ਕਾਨੂੰਨ ਰਾਹੀਂ ਜ਼ਿਆਦਾਤਰ ਰਾਜਾਂ ਨੂੰ ਪਿਛਲੇ ਸੱਤ ਸਾਲਾਂ ‘ਚ ਰਕਮਾਂ ਦੀ ਔਸਤ ਵੰਡ ਦੇ ਮੁਕਾਬਲੇ 17 ਹਜ਼ਾਰ ਕਰੋੜ ਰੁਪਏ ਵਾਧੂ ਮਿਲਣ ਦੀ ਉਮੀਦ ਏ । ਇਸ ਕਾਨੂੰਨ ਨੇ ਵੀਹ ਸਾਲ ਪੁਰਾਣੇ ਮਹਾਤਮਾ ਗਾਂਧੀ ਰਾਸ਼ਟਰੀ ਦਿਹਾਤੀ ਰੁਜ਼ਗਾਰ ਗਰੰਟੀ ਕਾਨੂੰਨ, 2005 ਦੀ ਥਾਂ ਲਈ ਏ । ਸਟੇਟ ਬੈਂਕ ਆਫ਼ ਇੰਡੀਆ, (SBI) ਦੀ ਇੱਕ ਖੋਜ ਰਿਪੋਰਟ ਮੁਤਾਬਿਕ, ਇਹ ਕਾਨੂੰਨ, ਰਾਜਾਂ ਨੂੰ ਰਕਮਾਂ ਦੀ ਕੁੱਲ ਵੰਡ ਵਿੱਚ ਸੁਧਾਰ ਕਰੇਗਾ। ਰਿਪੋਰਟ ਵਿੱਚ ਇਹ ਦੱਸਿਆ ਗਿਆ ਏ ਕਿ ਵਿਕਸਿਤ ਭਾਰਤ ਜੀ-ਰਾਮ ਜੀ ਦਾ ਉਦੇਸ਼, ਤਬਦੀਲੀ ਲਿਆਉਣ ਵਾਲੇ ਤਰੀਕਿਆਂ ਅਤੇ ਰਣਨੀਤੀਆਂ ਨੂੰ ਏਕੀਕ੍ਰਿਤ ਕਰਨਾ ਏ. ਇਸ ਰਾਹੀਂ ਮੁਕਾਬਲੇਬਾਜ਼ੀ ਵਾਲੇ ਪ੍ਰੋਜੈਕਟਾਂ ਦੀ ਪਛਾਣ, ਉਤਪਾਦਕ ਸੰਪਤੀ ਸਿਰਜਣ, ਜ਼ਿਆਦਾ ਆਮਦਨ ਪੈਦਾ ਕਰਨ ਅਤੇ ਇੱਕ ਕੁਸ਼ਲ ਨਿਗਰਾਨੀ ਸਿਲਸਿਲੇ ਨਾਲ ਸਬੰਧਤ ਚੁਣੌਤੀਆਂ ਨੂੰ ਹੱਲ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ। SBI ਦੇ ਮੁੱਖ ਆਰਥਿਕ

ਸਲਾਹਕਾਰ ਡਾ. ਸੌਮਿਆ ਕਾਂਤੀ ਘੋਸ਼ ਵਲੋਂ ਲਿਖੀ ਗਈ, ਰਿਪੋਰਟ ਵਿੱਚ ਦੱਸਿਆ ਗਿਆ ਏ ਕਿ ਵਿਕਸਿਤ ਭਾਰਤ - ਜੀ ਰਾਮ ਜੀ ਕਾਨੂੰਨ ਦਾ ਉਦੇਸ਼, ਸਾਰੇ ਪੱਧਰਾਂ 'ਤੇ ਰੁਜ਼ਗਾਰ ਸਿਰਜਣ, ਪਾਰਦਰਸ਼ਤਾ, ਯੋਜਨਾਬੰਦੀ ਅਤੇ ਜਵਾਬਦੇਹੀ ਨੂੰ ਮਜ਼ਬੂਤ ਕਰਦੇ ਹੋਏ ਢਾਂਚਾਗਤ ਕਮਜ਼ੋਰੀਆਂ ਨੂੰ ਦੂਰ ਕਰਨਾ ਏ . ਇਸ ਦੌਰਾਨ ਗੁਰਦਾਸਪੁਰ ਦੇ ਸਤਨਾਮ ਸਿੰਘ ਅਤੇ ਫਾਜ਼ਿਲਕਾ ਦੇ ਮਦਨ ਲਾਲ ਨੇ ਇਸ ਨਵੀਂ ਯੋਜਨਾ ‘ਤੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ –

BYTE

ਇਸ ਬਿਲ ਨੂੰ ਹਾਲ ਹੀ ਵਿੱਚ ਸਮਾਪਤ ਹੋਏ ਸਰਦੀਆਂ ਦੀ ਰੁਤ ਦੇ ਇਜਲਾਸ ਦੌਰਾਨ, ਸੰਸਦ ਨੇ ਮੰਜ਼ੂਰੀ ਦਿੱਤੀ ਸੀ।

---------------------------------------------------------

ਪੰਜਾਬ ਮੰਤਰੀ ਮੰਡਲ ਨੇ ਸਰਕਾਰ ਤੱਕ ਨਾਗਰਿਕਾਂ ਦੀ ਸਿੱਧੀ ਅਤੇ ਸੁਖਾਲੀ ਪਹੁੰਚ ਯਕੀਨੀ ਬਣਾਉਣ ਦੇ ਉਦੇਸ਼ ਨਾਲ ਅੱਜ ਪ੍ਰਬੰਧਕੀ ਅਤੇ ਪ੍ਰਸ਼ਾਸਨਿਕ ਸੁਧਾਰਾਂ ਦੀ ਲੜੀ ਨੂੰ ਪ੍ਰਵਾਨਗੀ ਦੇ ਦਿੱਤੀ ਏ। ਮੰਤਰੀ ਮੰਡਲ ਨੇ ਅੱਜ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਸਬ-ਤਹਿਸੀਲ ਬਨੂੜ ਨੂੰ ਤਹਿਸੀਲ ਵਜੋਂ ਅਪਗ੍ਰੇਡ ਕਰਨ, ਹੁਸ਼ਿਆਰਪੁਰ ਵਿੱਚ ਹਰਿਆਣਾ ਨੂੰ ਨਵੀਂ ਸਬ-ਤਹਿਸੀਲ ਬਣਾਉਣ, ਡਿਜੀਟਲ ਰਿਕਾਰਡਾਂ ਰਾਹੀਂ ਭੂਮੀ ਮਾਲੀਆ ਕਾਨੂੰਨਾਂ ਨੂੰ ਆਧੁਨਿਕ ਬਣਾਉਣ ਲਈ ਸੋਧਾਂ ਕਰਨ

ਅਤੇ ਸਮੱਗਰ ਸਿੱਖਿਆ ਅਭਿਆਨ ਅਧੀਨ ਵਿਸ਼ੇਸ਼ ਅਧਿਆਪਕ ਸਿੱਖਿਅਕਾਂ ਨੂੰ ਚਿਰੋਕਣੀ ਰਾਹਤ ਪ੍ਰਦਾਨ ਕਰਨ ਨੂੰ ਪ੍ਰਵਾਨਗੀ ਦਿੱਤੀ ਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਮੰਤਰੀ ਮੰਡਲ ਦੀ ਬੈਠਕ ਦੌਰਾਨ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਸ ਕਦਮ ਨਾਲ ਵਸਨੀਕਾਂ ਲਈ ਪ੍ਰਬੰਧਕੀ ਸੇਵਾਵਾਂ ਤੱਕ ਵਧੇਰੇ ਆਸਾਨ ਪਹੁੰਚ ਯਕੀਨੀ ਬਣਾਈ ਜਾਵੇਗੀ ਅਤੇ ਉਨ੍ਹਾਂ ਨੂੰ ਰੋਜ਼ਾਨਾ ਦੇ ਸਰਕਾਰੀ ਕੰਮਾਂ ਲਈ ਦੂਰੋਂ ਆਉਣ ਦੀ ਜ਼ਰੂਰਤ ਨਹੀਂ ਰਹੇਗੀ। ਨਾਗਰਿਕਾਂ ਨੂੰ ਵੱਡੀ ਰਾਹਤ ਦਿੰਦਿਆਂ, ਮੰਤਰੀ ਮੰਡਲ ਨੇ ਪੰਜਾਬ ਲੈਂਡ ਰੈਵੇਨਿਊ ਐਕਟ, 1887 ਵਿੱਚ ਅਪੀਲ ਪ੍ਰਕਿਰਿਆ ਸਬੰਧੀ ਸੋਧਾਂ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ। ਇਨ੍ਹਾਂ ਸੋਧਾਂ ਦਾ ਉਦੇਸ਼ ਬੇਲੋੜੀ ਮੁਕੱਦਮੇਬਾਜ਼ੀ ਨੂੰ ਘਟਾਉਣਾ ਅਤੇ ਗੈਰ-ਮੁਕੱਦਮੇਬਾਜ਼ਾਂ ਨੂੰ ਬੇਲੋੜੀ ਪਰੇਸ਼ਾਨੀ ਤੋਂ ਬਚਾਉਣਾ ਏ। ਇਹ ਸੋਧਾਂ ਡਿਜੀਟਲ ਰਿਕਾਰਡਾਂ ਅਤੇ ਡਿਜੀਟਲ ਦਸਤਖਤਾਂ ਨੂੰ ਕਾਨੂੰਨੀ ਮਾਨਤਾ ਦੇਣਗੀਆਂ ਅਤੇ ਨਾਗਰਿਕ ਪੱਖੀ, ਕਾਗਜ਼ ਰਹਿਤ ਰਿਕਾਰਡ ਰੱਖਣ ਨੂੰ ਮਜ਼ਬੂਤ ਕਰਨਗੀਆਂ ਅਤੇ ਭੂਮੀ ਪ੍ਰਬੰਧਨ ਵਿੱਚ ਪਾਰਦਰਸ਼ਤਾ ਲਿਆਉਣਗੀਆਂ। ਮੰਤਰੀ ਮੰਡਲ ਨੇ ਸਮੱਗਰ ਸਿੱਖਿਆ ਅਭਿਆਨ ਅਧੀਨ ਕੰਮ ਕਰ ਰਹੇ ਠੇਕੇ 'ਤੇ ਰੱਖੇ ਵਿਸ਼ੇਸ਼ ਅਧਿਆਪਕ ਸਿੱਖਿਅਕਾਂ ਲਈ ਵੱਧ ਤੋਂ ਵੱਧ ਉਮਰ ਸੀਮਾ ਵਿੱਚ ਯਕਮੁਸ਼ਤ ਰਾਹਤ ਦੇਣ ਨੂੰ ਵੀ

ਪ੍ਰਵਾਨਗੀ ਦੇ ਦਿੱਤੀ ਹੈ ਤਾਂ ਜੋ ਉਨ੍ਹਾਂ ਦੀਆਂ ਸੇਵਾਵਾਂ ਨੂੰ ਸਕੂਲ ਸਿੱਖਿਆ ਵਿਭਾਗ, ਪੰਜਾਬ ਵਿੱਚ ਰੈਗੂਲਰ ਕੀਤਾ ਜਾ ਸਕੇ। ਮੰਤਰੀ ਮੰਡਲ ਨੇ ਸਪੱਸ਼ਟ ਕੀਤਾ ਕਿ ਇਸ ਕਦਮ ਨਾਲ ਸਰਕਾਰੀ ਖਜ਼ਾਨੇ 'ਤੇ ਕੋਈ ਵਾਧੂ ਵਿੱਤੀ ਬੋਝ ਨਹੀਂ ਪਵੇਗਾ।

-------------------------------------------------------

ਪੰਜਾਬ ਸਰਕਾਰ ਵੱਲੋਂ ਔਰਤਾਂ ਦੀ ਭਲਾਈ ਅਤੇ ਜੱਚਾ-ਬੱਚਾ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਲੋਕ-ਹਿਤੈਸ਼ੀ ਕਦਮ ਚੁੱਕੇ ਜਾ ਰਹੇ ਨੇ। ਇਸੇ ਲੜੀ ਤਹਿਤ ਸੂਬਾ ਸਰਕਾਰ ਵੱਲੋਂ ਗਰਭਵਤੀ ਔਰਤਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਨੂੰ ਚਾਲੂ ਵਿੱਤੀ ਸਾਲ ਦੌਰਾਨ 26.06 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸਰਕਾਰ ਵੱਲੋਂ ਪਹਿਲੇ ਬੱਚੇ ਦੇ ਜਨਮ ’ਤੇ ਲਾਭਪਾਤਰੀ ਔਰਤਾਂ ਨੂੰ ਦੋ ਮਹੀਨਿਆਂ ਵਿੱਚ 5000 ਰੁਪਏ ਦੀ ਮਾਲੀ ਸਹਾਇਤਾ ਦਿੱਤੀ ਜਾਂਦੀ ਏ। ਉਨ੍ਹਾਂ ਦੱਸਿਆ ਕਿ ਦੂਜੇ ਬੱਚੇ ਦੇ ਜਨਮ ’ਤੇ, ਜੇਕਰ ਦੂਜਾ ਬੱਚਾ ਲੜਕੀ ਹੋਵੇ, ਤਾਂ ਸਰਕਾਰ ਵੱਲੋਂ 6000 ਰੁਪਏ ਦੀ ਮਾਲੀ ਸਹਾਇਤਾ ਇੱਕ ਹੀ ਕਿਸ਼ਤ ਵਿੱਚ ਪ੍ਰਦਾਨ ਕੀਤੀ ਜਾਂਦੀ ਏ। ਇਹ ਸਾਰੀ ਰਕਮ ਲਾਭਪਾਤਰੀ ਔਰਤਾਂ ਦੇ ਖਾਤਿਆਂ ਵਿੱਚ ਡਾਇਰੈਕਟ ਬੈਨਿਫਿਟ ਟ੍ਰਾਂਸਫਰ (ਡੀ.ਬੀ.ਟੀ.) ਰਾਹੀਂ

ਭੇਜੀ ਜਾਂਦੀ ਏ ਜਿਸ ਨਾਲ ਪਾਰਦਰਸ਼ਤਾ ਅਤੇ ਸਮੇਂ-ਸਿਰ ਮਦਦ ਯਕੀਨੀ ਬਣਾਈ ਜਾ ਰਹੀ ਏ। ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਯੋਜਨਾ ਸਿਰਫ਼ ਵਿੱਤੀ ਸਹਾਇਤਾ ਤੱਕ ਸੀਮਿਤ ਨਹੀਂ, ਸਗੋਂ ਮਾਵਾਂ ਦੀ ਸਿਹਤ, ਪੋਸ਼ਣ ਅਤੇ ਨਵਜੰਮੇ ਬੱਚਿਆਂ ਦੀ ਸੰਭਾਲ ਨੂੰ ਮਜ਼ਬੂਤ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਏ।

---------------------------------------------------------------

ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹੈ ਕਿ ਪੰਜਾਬ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਜਾ ਰਿਹਾ ਏ ਕਿ ਕਿਸਾਨ-ਪੱਖੀ ਸਕੀਮਾਂ ਦਾ ਪੂਰਾ ਲਾਭ ਜ਼ਮੀਨੀ ਪੱਧਰ 'ਤੇ ਕਿਸਾਨਾਂ ਤੱਕ ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਪਹੁੰਚੇ ਤਾਂ ਜੋ ਬਾਗਬਾਨੀ ਨੂੰ ਹੁਲਾਰਾ ਦਿੱਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਬਾਗਬਾਨੀ ਵਿਭਾਗ ਨੂੰ ਜ਼ਮੀਨੀ ਪੱਧਰ 'ਤੇ ਤਾਲਮੇਲ ਮਜ਼ਬੂਤ ਕਰਨ ਅਤੇ ਕਿਸਾਨਾਂ ਨੂੰ ਯੋਗਤਾ ਸਬੰਧੀ ਸ਼ਰਤਾਂ, ਅਰਜ਼ੀ ਪ੍ਰਕਿਰਿਆਵਾਂ ਅਤੇ ਦਸਤਾਵੇਜ਼ਾਂ ਬਾਰੇ ਨਿਰੰਤਰ ਮਾਰਗਦਰਸ਼ਨ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ। ਸ੍ਰੀ ਭਗਤ ਨੇ ਕਿਹਾ ਕਿ ਸਰਕਾਰ ਬਾਗਬਾਨੀ ਨੂੰ ਉਤਸ਼ਾਹਿਤ ਕਰ ਕੇ, ਕਿਸਾਨਾਂ ਦੀ ਆਮਦਨ ਵਧਾ ਕੇ ਅਤੇ ਰਵਾਇਤੀ ਫਸਲਾਂ 'ਤੇ ਨਿਰਭਰਤਾ ਘਟਾ ਕੇ ਖੇਤੀਬਾੜੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਏ।

ਉਨ੍ਹਾਂ ਕਿਸਾਨਾਂ ਨੂੰ ਅੱਗੇ ਆਉਣ ਅਤੇ ਉਨ੍ਹਾਂ ਦੀ ਭਲਾਈ ਲਈ ਉਪਲਬਧ ਬਾਗਬਾਨੀ ਸਕੀਮਾਂ ਦਾ ਪੂਰਾ ਲਾਭ ਲੈਣ ਦੀ ਅਪੀਲ ਕੀਤੀ ਏ।

---------------------------------------------------

ਸਾਲ 2025 ਨੂੰ ਭਾਰਤ ਦੀ ਵਿਕਾਸ ਯਾਤਰਾ ਦੇ ਇੱਕ ਫੈਸਲਾਕੁੰਨ ਅਧਿਆਇ ਵਜੋਂ ਯਾਦ ਰੱਖਿਆ ਜਾਵੇਗਾ। ਇਸ ਸਾਲ, ਨੀਤੀਆਂ ਨੂੰ ਤਰੱਕੀ ਵਿੱਚ ਬਦਲਿਆ ਗਿਆ ਤੇ ਇਰਾਦਿਆਂ ਨੂੰ ਸਾਕਾਰ ਰੂਪ ਦਿੱਤਾ ਗਿਆ। "ਸੁਧਾਰਾਂ ਦਾ ਸਾਲ" ਵਿਸ਼ੇਸ਼ ਲੜੀ ਵਿੱਚ, ਅੱਜ ਪੇਸ਼ ਏ 2025 ’ਚ ਰਖਿਆ ਖੇਤਰ ‘ਚ ਦੇਸ਼ ਦੀ ਤਰੱਕੀ ਬਾਰੇ ਇੱਕ ਰਿਪੋਰਟ -

ਸਾਲ 2025 ਵਿੱਚ, ਭਾਰਤ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਆਪਣੇ ਰਾਸ਼ਟਰੀ ਸੁਰੱਖਿਆ ਢਾਂਚੇ ਨੂੰ ਫੈਸਲਾਕੁੰਨ ਢੰਗ ਨਾਲ ਮਜ਼ਬੂਤ ਕੀਤਾ । ਇਸ ਸਾਲ ਦੌਰਾਨ, ਸਰਕਾਰ ਨੇ ਦਹਿਸ਼ਤਗਰਦੀ 'ਤੇ ਪੰਜ ਸਖਤ ਸਿਧਨ ਤੈਅ ਕੀਤੇ ਨੇ ਜਿਹਨਾਂ’ਚ ਦਹਿਸ਼ਤਗਰਦ ਹਮਲਿਆਂ ਦਾ ਸਖ਼ਤ ਜਵਾਬ, ਪ੍ਰਮਾਣੂ ਬਲੈਕਮੇਲ ਨੂੰ ਬਿਲਕੁਲ ਵੀ ਬਰਦਾਸ਼ਤ ਨਾ ਕਰਨਾ, ਦਹਿਸ਼ਤਗਰਦਾਂ ਅਤੇ ਉਨ੍ਹਾਂ ਲਈ ਰਕਮਾਂ ਜੁਟਾਉਣ ਵਾਲਿਆਂ ਦਰਮਿਆਨ ਕੋਈ ਫ਼ਰਕ ਨਾ ਕਰਨਾ, ਕਿਸੇ ਵੀ ਗੱਲਬਾਤ ਵਿੱਚ ਦਹਿਸ਼ਤਗਰਦੀ ਨੂੰ ਪਹਿਲਾਂ ਰਖਣਾ, ਅਤੇ ਪ੍ਰਭੂਸੱਤਾ 'ਤੇ ਸਮਝੌਤਾ ਨਾ ਕਰਨਾ ਸ਼ਾਮਿਲ ਨੇ. ਨਰੇਂਦਰ ਮੋਦੀ ਸਰਕਾਰ ਦੇ ਇਸ ਅਹਿਦ ਦਾ ਸਭ ਤੋਂ ਸਪਸ਼ਟ ਉਦਾਹਰਣ ਆਪ੍ਰੇਸ਼ਨ ਸਿੰਦੂਰ ਏ. ਇਸ ਸਾਲ 7 ਮਈ ਨੂੰ, ਭਾਰਤ ਨੇ ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਜਵਾਬ ਵਿੱਚ ਪੰਜ ਦਹਾਕਿਆਂ ਤੋਂ ਵੱਧ ਸਮੇਂ ਵਿੱਚ ਸਭ ਤੋਂ ਵੱਡੀ ਫੌਜੀ ਕਾਰਵਾਈ ਕੀਤੀ-

BYTE

ਸੰਚਾਲਨ ਦ੍ਰਿੜਤਾ ਦੇ ਨਾਲ, ਭਾਰਤ ਦੀਆਂ ਰੱਖਿਆ ਸਮਰੱਥਾਵਾਂ ਵਿੱਚ ਵੀ ਬੇਮਿਸਾਲ ਵਾਧਾ ਹੋਇਆ। ਰੱਖਿਆ ਉਤਪਾਦਨ ਇੱਕ ਲੱਖ 54 ਹਜ਼ਾਰ ਕਰੋੜ ਰੁਪਏ ਨੂੰ ਪਾਰ ਕਰ ਗਿਆ, ਜਦੋਂ ਕਿ 2025-26 ਲਈ ਰੱਖਿਆ ਬਜਟ ਨੂੰ ਵਧਾ ਕੇ ਛੇ ਲੱਖ 81 ਹਜ਼ਾਰ ਕਰੋੜ ਰੁਪਏ ਤੋਂ ਵੱਧ ਕਰ ਦਿੱਤਾ ਗਿਆ। ਇਸ ਸਾਲ ਦੌਰਾਨ, ਚਾਰ ਲੱਖ ਤੀਹ ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀਆਂ ਰਖਿਆ ਖਰੀਦਾਂ ਨੂੰ ਮਨਜ਼ੂਰੀ

ਦਿੱਤੀ ਗਈ, ਜਿਸ ਵਿੱਚ ਹਮਲਾਵਰ ਹੈਲੀਕਾਪਟਰ, ਸਮੁੰਦਰੀ ਫੌਜ ਲਈ ਰਾਫੇਲ-ਐਮ ਜੈੱਟ, ਅਤਿ – ਆਧੁਨਿਕ ਟਾਰਪੀਡੋ ਅਤੇ ਨਿਗਰਾਨੀ ਪ੍ਰਣਾਲੀਆਂ ਸ਼ਾਮਲ ਨੇ. ਇਸ ਸਾਲ ਜੰਗੀ ਜਹਾਜ਼ਾਂ ਅਤੇ ਪਣਡੁੱਬੀਆਂ ਦੀ ਕਮਿਸ਼ਨਿੰਗ ਅਤੇ ਸਟੀਲਥ ਫ੍ਰੀਗੇਟਾਂ ਨੂੰ ਸ਼ਾਮਲ ਕਰਨ ਤੋਂ ਲੈ ਕੇ, ਅਗਨੀ ਪ੍ਰਾਈਮ ਮਿਜ਼ਾਈਲ ਦੇ ਸਫਲ ਰੇਲ-ਅਧਾਰਤ ਲਾਂਚ ਟੈਸਟ ਅਤੇ ਮੇਡ-ਇਨ-ਇੰਡੀਆ AK-203 ਰਾਈਫਲਾਂ ਲਿਆਉਣ ਤੱਕ, ਵੱਡੀਆਂ ਸਵਦੇਸ਼ੀ ਸਫਲਤਾਵਾਂ ਵੀ ਦੇਖਣ ਨੂੰ ਮਿਲੀਆਂ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਮੁੜ ਸੁਰਜੀਤ ਕੀਤੀ ਜਾ ਰਹੀ ਦੀਵਾਨ ਟੋਡਰ ਮੱਲ ਦੀ ਜਹਾਜ਼ੀ ਹਵੇਲੀ ਦਾ ਦੌਰਾ ਕੀਤਾ। ਉਹਨਾਂ ਇਸ ਨੇਕ ਕਾਰਜ ਵਿੱਚ ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਨੂੰ ਸਹਿਯੋਗ ਦੇਣ ਲਈ ਪੰਜਾਬ ਸਰਕਾਰ, ਸ਼੍ਰੋਮਣੀ ਕਮੇਟੀ ਤੇ ਸੰਗਤਾਂ ਦਾ ਧੰਨਵਾਦ ਕੀਤਾ। ਸਪੀਕਰ ਸੰਧਵਾਂ ਨੇ ਦੱਸਿਆ ਕਿ ਦੀਵਾਨ ਟੋਡਰ ਮੱਲ ਹਵੇਲੀ ਦੇ ਨਵ ਨਿਰਮਾਣ ਦਾ ਪਹਿਲਾ ਪੜਾਅ ਮੁਕੰਮਲ ਹੋ ਚੁੱਕਾ ਏ, ਜਿਸ ਉੱਤੇ 9 ਕਰੋੜ ਰੁਪਏ ਦੀ ਲਾਗਤ ਆਈ ਏ। ਉਹਨਾਂ ਦੱਸਿਆ ਕਿ ਦੂਜੇ ਪੜਾਅ ਤਹਿਤ 6 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਕਰਵਾਏ ਜਾਣਗੇ ਤੇ ਫਾਊਂਡੇਸ਼ਨ ਵੱਲੋਂ ਇਸ ਪ੍ਰੋਜੈਕਟ ਲਈ 50 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਏ। ਸਪੀਕਰ ਸੰਧਵਾਂ ਨੇ ਕਿਹਾ ਕਿ ਬੱਚਿਆਂ ਤੇ ਨੌਜਵਾਨਾਂ ਨੂੰ ਇਤਿਹਾਸ ਬਾਰੇ ਜਾਣੂ ਕਰਵਾਉਣ ਲਈ ਅਜਿਹੀਆਂ ਇਤਿਹਾਸਿਕ ਧਰੋਹਰਾਂ ਦੀ ਸਾਂਭ-ਸੰਭਾਲ, ਸਮੇਂ ਦੀ ਅਹਿਮ ਲੋੜ ਏ।

ਜ਼ਿਕਰਯੋਗ ਏ ਕਿ ਦੀਵਾਨ ਟੋਡਰ ਮੱਲ ਨੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਬਾਅਦ ਉਹਨਾਂ ਦੇ ਸਸਕਾਰ ਲਈ ਸੋਨੇ ਦੀਆਂ ਮੋਹਰਾਂ ਜ਼ਮੀਨ ਤੇ ਰੱਖ ਕੇ  ਸਸਕਾਰ ਵਾਸਤੇ ਜ਼ਮੀਨ ਖਰੀਦੀ ਸੀ।

---------------------------------------------------------------

ਪਟਿਆਲਾ ਦੇ ਇਤਿਹਾਸਕ ਸ੍ਰੀ ਕਾਲੀ ਮਾਤਾ ਮੰਦਰ ਦੇ ਨਵੀਨੀਕਰਨ ਲਈ ਸ਼ੁਰੂ ਕੀਤੇ ਗਏ ਪ੍ਰਾਜੈਕਟਾਂ ਉਪਰ ਤੇਜੀ ਨਾਲ ਕੰਮ ਕੀਤਾ ਜਾ ਰਿਹਾ ਏ। ਇਹ ਪ੍ਰਗਟਾਵਾ ਕਰਦਿਆਂ ਮੰਦਰ ਦੀ ਐਡਵਾਇਜ਼ਰੀ ਮੈਨੇਜਿੰਗ ਕਮੇਟੀ ਦੇ ਮੈਂਬਰਾਂ ਅਜੇ ਅਲੀਪੁਰੀਆ ਤੇ ਸੰਜੇ ਸਿੰਗਲਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲਗਾਤਾਰ ਇਨ੍ਹਾਂ ਕੰਮਾਂ ਦੀ ਨਿਗਰਾਨੀ ਕੀਤੀ ਜਾ ਰਹੀ ਏ। ਮੀਡੀਆ ਨਾਲ ਗੱਲਬਾਤ ਕਰਦਿਆਂ ਓਹਨਾ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਤਿਹਾਸਕ ਸ੍ਰੀ ਕਾਲੀ ਮਾਤਾ ਮੰਦਰ ਦੇ ਨਵੀਨੀਕਰਨ ਲਈ ਕਰੀਬ 75 ਕਰੋੜ ਰੁਪਏ ਦੇ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਗਈ ਸੀ। ਇਹਨਾਂ ਕੰਮਾਂ ਨੂੰ ਆਉਂਦੇ ਇੱਕ ਸਾਲ ਦੇ ਅੰਦਰ-ਅੰਦਰ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੁਧਿਆਣਾ ਦੇ ਉੱਘੇ ਸਨਅਤਕਾਰ ਮਹੇਸ਼ ਮਿੱਤਲ ਨੂੰ ਐਡਵਾਇਜ਼ਰੀ ਮੈਨੇਜਿੰਗ ਕਮੇਟੀ ਦੇ ਚੇਅਰਮੈਨ ਨਿਯੁਕਤ ਕੀਤਾ ਗਿਆ ਏ। ਮੰਦਰ ਐਡਵਾਈਜ਼ਰੀ ਕਮੇਟੀ ਮੈਂਬਰਾਂ ਨੇ ਦੱਸਿਆ ਕੇ ਇਹ ਪ੍ਰੋਜੈਕਟ ਮੰਦਰ ਦੀ ਪਵਿੱਤਰਤਾ ਤੇ ਇਸ ਦੇ ਵਿਰਾਸਤੀ ਭਵਨ ਨਿਰਮਾਣ

ਕਲਾ ਨੂੰ ਬਰਕਰਾਰ ਰੱਖਦਿਆਂ ਮੰਦਰ ਦੀ ਸ਼ਾਨ ਵਿੱਚ ਵਾਧਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ।

---------------------------------------------------------

ਮੌਸਮ ਵਿਭਾਗ ਮੁਤਾਬਿਕ, ਅਗਲੇ ਦੋ ਦਿਨਾਂ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਹਿਮਾਚਲ ਪ੍ਰਦੇਸ਼ ਦੇ ਕਈ ਇਲਾਕਿਆਂ ਵਿੱਚ ਸੰਘਣੀ ਧੁੰਦ ਛਾਈ ਰਹੇਗੀ। ਆਕਾਸ਼ਵਾਣੀ ਖਬਰਾਂ ਨਾਲ ਇੱਕ ਵਿਸ਼ੇਸ਼ ਇੰਟਰਵਿਊ ਵਿੱਚ, ਮੌਸਮ ਵਿਭਾਗ ਦੇ ਸੀਨੀਅਰ ਵਿਗਿਆਨੀ ਡਾ. ਆਰ.ਕੇ. ਜੇਨਾਮਣੀ ਨੇ ਕਿਹਾ ਕਿ ਇਨ੍ਹਾਂ ਰਾਜਾਂ ਵਿੱਚ VISIBILITY  0 ਤੋਂ 50 ਮੀਟਰ ਦਰਮਿਆਨ ਰਹਿਣ ਦੀ ਉਮੀਦ ਏ

---------------------------------------------------------

- ਵਿਕਸਿਤ ਭਾਰਤ ਜੀ ਰਾਮ ਜੀ ਯੋਜਨਾ ਰਾਹੀਂ ਜ਼ਿਆਦਾਤਰ ਰਾਜਾਂ ਨੂੰ ਪਿਛਲੇ ਸਾਲਾਂ ਦੇ ਮੁਕਾਬਲੇ 17 ਹਜ਼ਾਰ ਕਰੋੜ ਰੁਪਏ ਵਾਧੂ ਮਿਲਣ ਦੀ ਉਮੀਦ.

- ਪੰਜਾਬ ਮੰਤਰੀ ਮੰਡਲ ਵੱਲੋਂ ਬਨੂੜ ਨੂੰ ਤਹਿਸੀਲ ਅਤੇ ਹੁਸ਼ਿਆਰਪੁਰ ਦੇ ਹਰਿਆਣਾ ਨੂੰ ਨਵੀਂ ਸਬ-ਤਹਿਸੀਲ ਬਣਾਉਣ ਸਮੇਤ ਕਈ ਹੋਰ ਪ੍ਰਸ਼ਾਸਨਿਕ ਸੁਧਾਰਾਂ ਨੂੰ ਪ੍ਰਵਾਨਗੀ.

- ਪੰਜਾਬ ਸਰਕਾਰ ਵੱਲੋਂ ਗਰਭਵਤੀ ਔਰਤਾਂ ਨੂੰ ਮੌਜੂਦਾ ਵਿੱਤੀ ਸਾਲ ਦੌਰਾਨ 26 ਕਰੋੜ ਰੁਪਏ ਤੋਂ ਵੱਧ ਦੀ ਵਿੱਤੀ ਸਹਾਇਤਾ ਪ੍ਰਦਾਨ.

- ਸਾਲ 2025 ਦੌਰਾਨ ਭਾਰਤ ਦੀ ਵਿਕਾਸ ਯਾਤਰਾ ਵਿਚ ਰੱਖਿਆ ਖੇਤਰ ਨੂੰ ਹੋਰ ਮਜ਼ਬੂਤ ਕੀਤਾ ਗਿਆ.
- ਮੌਸਮ ਵਿਭਾਗ ਵੱਲੋਂ ਆਉਂਦੇ ਦੋ ਦਿਨਾਂ ਵਿਚ ਪੰਜਾਬ, ਹਰਿਆਣਾ, ਚੰਡੀਗੜ ਤੇ ਹਿਮਾਚਲ ਪ੍ਰਦੇਸ਼ ਦੇ ਕਈ ਇਲਾਕਿਆਂ ਵਿਚ ਸੰਘਣੀ ਧੁੰਦ ਦੀ ਪੇਸ਼ੀਨਗੋਈ.

---------------------------------------------------------------

**ਇਸਦੇ ਨਾਲ ਹੀ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**